# Visit of External Affairs Minister to Israel (October 17-21, 2021)

October 16, 2021

---

## ਵਿਦੇਸ਼ ਮੰਤਰੀ ਵੱਲੋਂ ਇਜ਼ਰਾਈਲ ਦੀ ਫੇਰੀ (17-21 ਅਕਤੂਬਰ, 2021)

### 16 ਅਕਤੂਬਰ, 2021

ਇਜ਼ਰਾਈਲ ਦੇ ਬਦਲਵੇਂ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਮਹਾਮਹਿਮ ਸ਼੍ਰੀ ਯਾਇਰ ਲੈਪਿਡ ਦੇ ਸੱਦੇ 'ਤੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ 16 ਅਕਤੂਬਰ, 2021 ਨੂੰ ਇਜ਼ਰਾਈਲ ਦੇ ਸਰਕਾਰੀ ਦੌਰੇ ਤੇ ਜਾਣਗੇ। ਵਿਦੇਸ਼ ਮੰਤਰੀ ਵਜੋਂ ਇਹ ਉਨ੍ਹਾਂ ਦੀ ਪਹਿਲੀ ਇਜ਼ਰਾਈਲ ਯਾਤਰਾ ਹੋਵੇਗੀ। ਉਹ ਇਜ਼ਰਾਈਲ ਦੇ ਬਦਲਵੇਂ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਨਾਲ ਦੁਵੱਲੀ ਗੱਲਬਾਤ ਕਰਨਗੇ। ਇਸ ਤੋਂ ਛੁੱਟ ਉਹ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਨੈਸੇਟ ਦੇ ਸਪੀਕਰ ਨਾਲ ਵੀ ਮੁਲਾਕਾਤ ਕਰਨਗੇ।

ਜੁਲਾਈ, 2017 ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਇਤਿਹਾਸਕ ਇਜ਼ਰਾਇਲੀ ਯਾਤਰਾ ਦੌਰਾਨ ਭਾਰਤ ਅਤੇ ਇਜ਼ਰਾਈਲ ਨੇ ਆਪਣੇ ਦੁਵੱਲੇ ਸਬੰਧਾਂ ਦਾ ਦਰਜਾ ਵਧਾਕੇ ਰਣਨੀਤਕ ਸਾਂਝੇਦਾਰੀ ਕਰ ਦਿੱਤਾ ਸੀ। ਉਦੋਂ ਤੋਂ ਹੁਣ ਤੱਕ ਦੋਵਾਂ ਦੇਸ਼ਾਂ ਦੇ ਸਬੰਧਾਂ ਵਿੱਚ ਗਿਆਨ-ਅਧਾਰਤ ਭਾਈਵਾਲੀ ਦੇ ਵਿਸਥਾਰ 'ਤੇ ਧਿਆਨ ਕੇਂਦਰਤ ਕੀਤਾ ਗਿਆ ਹੈ, ਜਿਸ ਵਿੱਚ 'ਮੇਕ ਇਨ ਇੰਡੀਆ' ਪਹਿਲ ਨੂੰ ਹੁਲਾਰਾ ਦੇਣ ਸਮੇਤ ਇੰਨੋਵੇਸ਼ਨ ਅਤੇ ਖੋਜ ਵਿੱਚ ਸਹਿਯੋਗ ਸ਼ਾਮਲ ਹੈ।

ਵਿਦੇਸ਼ ਰਾਜ ਮੰਤਰੀ ਇਜ਼ਰਾਈਲ ਵਿੱਚ ਭਾਰਤੀ ਮੂਲ ਦੇ ਯਹੂਦੀ ਭਾਈਚਾਰੇ, ਭਾਰਤ ਸਬੰਧੀ ਮਾਹਿਰਾਂ, ਇਜ਼ਰਾਇਲੀ ਯੂਨੀਵਰਸਿਟੀਆਂ ਵਿੱਚ ਪੜ੍ਹਾਈ ਕਰ ਰਹੇ ਭਾਰਤੀ ਵਿਦਿਆਰਥੀਆਂ ਅਤੇ ਕਾਰੋਬਾਰੀਆਂ ਨਾਲ ਗੱਲਬਾਤ ਕਰਨਗੇ, ਜਿਨ੍ਹਾਂ ਵਿੱਚ ਹਾਈ-ਟੈਕ ਉਦਯੋਗਾਂ ਨਾਲ ਜੁੜੇ ਲੋਕ ਵੀ ਸ਼ਾਮਲ ਹੋਣਗੇ।

ਇਸ ਦੌਰੇ ਨਾਲ ਉਨ੍ਹਾਂ ਬਹਾਦਰ ਭਾਰਤੀ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਵੀ ਮੌਕਾ ਮਿਲੇਗਾ, ਜਿਨ੍ਹਾਂ ਨੇ ਇਸ ਖੇਤਰ ਵਿੱਚ, ਖਾਸ ਕਰਕੇ ਪਹਿਲੇ ਵਿਸ਼ਵ ਯੁੱਧ ਦੌਰਾਨ, ਆਪਣੀਆਂ ਜਾਨਾਂ ਵਾਰੀਆਂ ਸਨ।

ਨਵੀਂ ਦਿੱਲੀ

16 ਅਕਤੂਬਰ, 2021

DISCLAIMER: This is an approximate translation. The original is available in English on MEA's website and may be referred to as the official press release.